# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਕ ਖਬਰਾਂ

**13:10**

**ਮਿਤੀ :26-09-2026**

ਸੂਬੇ ਭਰ ਵਿਚ ਪੰਜਾਬ bjp ਵੱਲੋਂ ਨਸ਼ਾ ਮੁਕਤ ਯਾਤਰਾਵਾਂ ਦਾ ਸਿਲਸਿਲਾ ਜਾਰੀ ਏ I ਕਲ ਇਸੇ ਸੰਬੰਧ ਵਿਚ ਅੰਮ੍ਰਿਤਸਰ ਪੁਜੀ ਨਸ਼ਾ ਮੁਕਤ ਪੰਜਾਬ ਯਾਤਰਾ ਨੂੰ ਸੰਬੋਧਨ ਕਰਦਿਆਂ ਕੇਂਦਰੀ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਜਕੜ ਤੋਂ ਮੁਕਤ ਕਰਨ ਦਾ ਪੱਕਾ 'ਸੰਕਲਪ' ਲਿਆ ਏ ਤੇ ਅਸੀਂ ਇਸ ਨੂੰ ਪੂਰਾ ਕਰਾਂਗੇ। ਸ਼੍ਰੀ ਮੇਘਵਾਲ ਨੇ ਕਿਹਾ ਕਿ ਹੁਣ ਪੂਰੇ ਸੂਬੇ ਵਿੱਚ ਹਸਪਤਾਲਾਂ, ਸਕੂਲਾਂ, ਜੇਲ੍ਹਾਂ ਤੇ ਜਨਤਕ ਥਾਵਾਂ 'ਤੇ ਬਹੁਤ ਹੀ ਆਸਾਨੀ ਨਾਲ ਨਸ਼ੀਲੇ ਪਦਾਰਥਾਂ ਦੀ ਡਿਲਿਵਰੀ ਕੀਤੀ ਜਾ ਰਹੀ ਏ। ਉਨ੍ਹਾਂ ਕਿਹਾ ਕਿ ਕਾਨੂੰਨ-ਵਿਵਸਥਾ ਦਾ ਢਾਂਚਾ ਇੰਨਾ ਵਿਗੜ ਚੁੱਕਾ ਏ ਕਿ ਪੁਲਿਸ ਤਸਕਰਾਂ ਨੂੰ ਬਚਾ ਰਹੀ ਏ ਤੇ ਇਸ ਦੇ ਉਲਟ ਕਮਜ਼ੋਰ ਵਰਗ ਦੇ ਪੀੜਤਾਂ ਨੂੰ ਨਿਸ਼ਾਨਾ ਬਣਾ ਰਹੀ ਏ । ਉਹਨਾਂ ਕਿਹਾ ਕਿ ਇਹ ਯਾਤਰਾ ਇੱਕ

ਸਿਆਸੀ ਗਤੀਵਿਧੀ ਨਹੀਂ ਸਗੋਂ ਸੂਬੇ ਦੇ ਨੌਜਵਾਨਾਂ ਦੀ ਰਾਖੀ ਲਈ ਸਮਾਜਿਕ ਸੁਧਾਰ ਦੀ ਇਕ ਲਹਿਰ ਏ । ਉਨ੍ਹਾਂ ਪੰਜਾਬ ਦੀ ਰਾਖੀ ਲਈ ਏਕਤਾ ਦੀ ਅਪੀਲ ਕੀਤੀ ਤੇ ਵਾਅਦਾ ਕੀਤਾ ਕਿ ਭਾਜਪਾ ਨਸ਼ਿਆਂ ਦੀ ਸਮੱਸਿਆ ਨੂੰ ਸੂਬੇ ਦੀ ਸਭ ਤੋਂ ਵੱਡੀ ਚੁਣੌਤੀ ਵਜੋਂ ਲਵੇਗੀ ਅਤੇ ਇਸ ਨੂੰ ਜੜ੍ਹੋਂ ਖਤਮ ਕਰ ਦੇਵੇਗੀ । ਓਧਰ ਕੱਲ੍ਹ ਲੁਧਿਆਣਾ ਵਿੱਚ ਭਾਜਪਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਨਸ਼ਾ ਪ੍ਰਭਾਵਿਤ ਪਰਿਵਾਰਾਂ ਨਾਲ ਮੁਲਾਕਾਤ ਕੀਤੀ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਾ ਤਸਕਰੀ ਨੂੰ ਰੋਕਣ ਵਿੱਚ ਨਾਕਾਮ ਸਾਬਤ ਹੋ ਰਹੀ ਏ । ਸ੍ਰੀ ਢਿੱਲੋਂ ਨੇ ਕਿਹਾ ਕਿ ਪੰਜਾਬ ਵਿੱਚ ਹਿਮਾਚਲ ਦੇ ਬੱਦੀ ਤੋਂ ਨਸ਼ਾ ਆ ਰਿਹਾ ਏ , ਜਿੱਥੇ ਕਾਂਗਰਸ ਦੀ ਸਰਕਾਰ ਏ । ਢਿੱਲੋਂ ਨੇ ਕਿਹਾ ਕਿ ਉਹ ਉਨ੍ਹਾਂ ਮਾਵਾਂ ਨੂੰ ਵੀ ਮਿਲੇ ਨੇ , ਜਿਨ੍ਹਾਂ ਦੇ ਜਵਾਨ ਪੁੱਤਰਾਂ ਦੀ ਨਸ਼ੇ ਕਾਰਨ ਮੌਤ ਹੋ ਗਈ ਏ । ਉਨ੍ਹਾਂ ਕਿਹਾ ਕਿ ਇਨ੍ਹਾਂ ਮਾਵਾਂ ਦਾ ਦਰਦ ਸਹਿਣਯੋਗ ਨਹੀਂ ਏ । ਹੁਸ਼ਿਆਰਪੁਰ ਵਿਚ ਨਸ਼ਾ ਮੁਕਤ ਪੰਜਾਬ ਯਾਤਰਾ ਵਿਚ ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਵੀ ਸ਼ਾਮਿਲ ਹੋਏ

---------------------------------------------------------------------

ਉਦਯੋਗ ਵਿਭਾਗ ਪੰਜਾਬ ਦੀ ਪ੍ਰਗਤੀ ਦੀ ਸਮੀਖਿਆ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਸਾਨਦਾਰ ਨਿਵੇਸ ਪੰਜਾਬ

ਦੇ ਉਦਯੋਗਿਕ ਈਕੋ-ਸਿਸਟਮ ਵਿੱਚ ਸਥਾਨਕ ਤੇ ਵਿਸਵ ਪੱਧਰੀ ਨਿਵੇਸਕਾਂ ਦੇ ਵਧ ਰਹੇ ਭਰੋਸੇ ਨੂੰ ਦਰਸਾਉਂਦਾ ਏ। ਉਹਨਾਂ ਕਿਹਾ ਕਿ ਸਾਡੀ ਸਰਕਾਰ ਨੇ ਬਿਹਤਰ ਬੁਨਿਆਦੀ ਢਾਂਚੇ, ਜਵਾਬਦੇਹ ਅਧਾਰਤ ਪ੍ਰਸਾਸਨ ਤੇ ਆਸਾਨ ਮਨਜੂਰੀ ਪ੍ਰਕਿਰਿਆਵਾਂ ਰਾਹੀਂ ਇਕ ਅਨੁਕੂਲ, ਪਾਰਦਰਸੀ ਤੇ ਨਿਵੇਸਕ-ਪੱਖੀ ਕਾਰੋਬਾਰੀ ਮਾਹੌਲ ਸਿਰਜਣ ਲਈ ਲਗਾਤਾਰ ਕੰਮ ਕੀਤਾ ਏ। "ਤੇਜੀ ਨਾਲ ਇਕ ਪ੍ਰਮੁੱਖ ਉਦਯੋਗਿਕ ਕੇਂਦਰ ਅਤੇ ਨਿਵੇਸ ਲਈ ਪਸੰਦੀਦਾ ਸਥਾਨ ਵਜੋਂ ਉੱਭਰ ਰਿਹਾ ਏ। ਉਹਨਾਂ ਕਿਹਾ ਕਿ ਸਰਕਾਰ ਨੇ ਪਿਛਲੇ ਚਾਰ ਸਾਲਾਂ ਦੌਰਾਨ **1.89** ਲੱਖ ਕਰੋੜ ਦਾ ਵੱਡਾ ਨਿਵੇਸ ਆਕਰਸ਼ਿਤ ਕੀਤਾ ਏ , ਜਿਸ ਨਾਲ **6.31** ਲੱਖ ਨੌਜਵਾਨਾਂ ਲਈ ਰੁਜਗਾਰ ਦੇ ਮੌਕੇ ਪੈਦਾ ਹੋਏ ਨੇ ਤੇ ਰਵਾਇਤੀ ਕੇਂਦਰਾਂ ਤੋਂ ਬਾਹਰ ਵੀ ਉਦਯੋਗਿਕ ਵਿਕਾਸ ਨੂੰ ਹੁਲਾਰਾ ਮਿਲਿਆ ਏ।

--------------------------------------------------------------------------------

ਆਯੁਸ਼ਮਾਨ ਭਾਰਤ ਡਿਜੀਟਲ ਮਿਸ਼ਨ ਤਹਿਤ ਸਿਹਤ ਰਿਕਾਰਡਾਂ ਨੂੰ ਜੋੜਨ ਵਿੱਚ ਚੰਡੀਗੜ੍ਹ 'ਬਿਹਤਰੀਨ ਪ੍ਰਦਰਸ਼ਨ ਕਰਨ ਵਾਲਾ ਕੇਂਦਰ ਸ਼ਾਸਿਤ ਪ੍ਰਦੇਸ਼' ਐਲਾਨਿਆ ਗਿਆ ਏ। ਇਹ ਉਪਲਬਧੀ 'ਡਿਜੀਟਲ ਹੈਲਥ ਮਿਸ਼ਨ' ਨੂੰ ਲਾਗੂ ਕਰਨ ਤੇ ਮਰੀਜ਼-ਕੇਂਦਰਿਤ ਸਿਹਤ ਸੰਭਾਲ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਚੰਡੀਗੜ੍ਹ ਸਿਹਤ ਵਿਭਾਗ ਦੀ ਪ੍ਰਤੀਬੱਧਤਾ ਦਾ ਸਨਮਾਨ ਏ। ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿਖੇ

ਚੰਡੀਗੜ੍ਹ ਦੇ ਸਿਹਤ ਸੇਵਾਵਾਂ ਦੇ ਡਾਇਰੈਕਟਰ ਡਾ. ਸੁਮਨ ਸਿੰਘ ਨੇ ਕੇਂਦਰੀ ਸਿਹਤ ਮੰਤਰੀ ਜੇ.ਪੀ. ਨੱਡਾ ਤੋਂ ਇਸ ਉਪਲਬਦੀ ਲਈ ਪੁਰਸਕਾਰ ਪ੍ਰਾਪਤ ਕੀਤਾ । ਇਸ ਪ੍ਰਾਪਤੀ ਨਾਲ ਚੰਡੀਗੜ੍ਹ ਸਿਹਤ ਵਿਭਾਗ ਨੇ ਡਿਜੀਟਲ ਸਿਹਤ ਪਹਿਲਾਂ ਨੂੰ ਅੱਗੇ ਵਧਾਉਣ ਤੇ ਇਸ ਮਿਸ਼ਨ ਦਾ ਲਾਭ ਹਰੇਕ ਨਾਗਰਿਕ ਤੱਕ ਪਹੁੰਚਾਉਣ ਦੀ ਆਪਣੀ ਪ੍ਰਤੀਬੱਧਤਾ ਦੁਹਰਾਈ ਏ । ਇਸ ਨਾਲ ਕੁਸ਼ਲ ਤੇ ਰੋਗੀ-ਕੇਂਦ੍ਰਿਤ ਸਿਹਤ ਵਿਵਸਥਾ ਬਿਹਤਰ ਬਣਾਉਣ ਵਿੱਚ ਮਦਦ ਮਿਲੇਗੀ ।

---------------------------------------------------------------------

ਫਿਰੋਜਪੁਰ ਪੁਲਿਸ ਵੱਲੋਂ Counter intelligence ਦੇ ਇੱਕ ਇੰਸਪੈਕਟਰ ਬਲਦੇਵ ਸਿੰਘ ਨੂੰ ਨਾਕਾਬੰਦੀ ਦੌਰਾਨ ਕਰੀਬ ਸਾਢੇ 3 ਕਿਲੋ ਹਰੋਇਨ, 6 ਪਿਸਤੋਲਾਂ ਤੇ ਜ਼ਿੰਦਾ ਕਾਰਤੂਸਾਂ ਸਮੇਤ ਗਿਫ਼ਤਰ ਕੀਤਾ ਗਿਆ ਏ , ਪੁਲਿਸ ਅਨੁਸਾਰ ਅਗਲੀ ਕਰਵਾਈ ਜਾਰੀ ਏ

---------------------------------------------------------------------

ਜਲੰਧਰ ਵਿਖੇ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਸ਼ੋਕ ਸਰੀਨ ਹਿੱਕੀ ਦੀ ਅਗਵਾਈ ਹੇਠ ਪੰਡਿਤ ਦੀਨਦਿਆਲ ਉਪਾਧਿਆਏ ਦੇ ਜਨਮ ਦਿਵਸ ਮੌਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ । ਇਸ ਤੋਂ ਇਲਾਵਾ ਮੇਰਾ ਯੁਵਾ ਭਾਰਤ ਫਰੀਦਕੋਟ ਪੰਜਾਬ ਵਲੋਂ ਪੰਡਿਤ ਦੀਨ ਦਿਆਲ ਉਪਾਧਿਆਏ ਦਾ ਜਨਮ ਦਿਹਾੜਾ ਮਨਾਇਆ ਗਿਆ । ਇਸ

ਮੌਕੇ ਜ਼ਿਲ੍ਹਾ ਯੂਥ ਅਫਸਰ ਵਰਦੀਪ ਕੋਰ ਸੰਧੂ ਤੇ ਸਰਕਾਰੀ ਆਈ ਟੀ ਆਈ ਫਰੀਦਕੋਟ ਦੇ ਪ੍ਰਿੰਸੀਪਲ ਗੁਰਪ੍ਰੀਤ ਸਿੰਘ ਜੋਤੀ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ । ਇਸ ਮੌਕੇ ਸਿਖਿਆਰਥੀਆਂ ਨੂੰ ਪੰਡਿਤ ਦੀਨ ਦਿਆਲ ਉਪਾਧਿਆਏ ਦੇ ਜੀਵਨ ਤੇ ਦੇਸ਼ ਸੇਵਾ ਵਿਚ ਪਾਏ ਯੋਗਦਾਨ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ । ਇਸ ਮੌਕੇ ਭਾਸ਼ਣ ਮੁਕਾਬਲੇ ਕਰਵਾਏ ਗਏ ।

--------------------------------------------------------------------------------

ਕ੍ਰਿਸ਼ੀ ਵਿਗਿਆਨ ਕੇਂਦਰ ਫਤਿਹਗੜ੍ਹ ਸਾਹਿਬ ਵਲੋਂ ਪਰਾਲੀ ਪ੍ਰਬੰਧਨ ਲਈ ਇੱਕ ਸਿਖਲਾਈ ਕੋਰਸ ਕਰਵਾਇਆ ਗਿਆ । ਸਿਖਲਾਈ ਕੋਰਸ ਦਾ ਮਕਸਦ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਦੀ ਸੰਭਾਲ ਲਈ ਵਿਗਿਆਨਿਕ ਤਕਨੀਕਾਂ ਤੇ ਹਾੜ੍ਹੀ ਦੀ ਫਸਲ ਦੀ ਬਿਜਾਈ ਲਈ ਮਹੱਤਵਪੂਰਨ ਜਾਣਕਾਰੀ ਦੇਣਾ ਸੀ । ਡਿਪਟੀ ਡਾਇਰੈਕਟਰ (ਸਿਖਲਾਈ) ਡਾ. ਹਰਦੀਪ ਸਿੰਘ ਸਭਿਖੀ, ਭੂਮੀ ਵਿਗਿਆਨ ਦੇ ਸਹਾਇਕ ਪ੍ਰੋਫੈਸਰ ਡਾ. ਅਜੈ ਕੁਮਾਰ ਅਤੇ ਹੋਰ ਮਾਹਿਰਾਂ ਨੇ ਪਰਾਲੀ ਨੂੰ ਖੁੰਭ ਦੀ ਖੇਤੀ ਲਈ, ਸਬਜ਼ੀਆਂ ਵਿਚ ਮਲਚਿੰਗ ਲਈ ਤੇ ਪਸ਼ੂਆਂ ਦੇ ਚਾਰੇ ਲਈ ਵਰਤੋਂ ਬਾਰੇ ਜਾਣਕਾਰੀ ਦਿੱਤੀ । ਇਸ ਸਿਖਲਾਈ ਪ੍ਰੋਗਰਾਮ ਵਿੱਚ ਵਿਚਾਰ-ਵਟਾਂਦਰੇ, ਤਕਨੀਕੀ ਸੈਸ਼ਨਾਂ ਤੇ ਖੇਤਾਂ ਦੇ ਦੌਰੇ ਸ਼ਾਮਲ

ਸਨ, ਜਿਸ ਨਾਲ ਕਿਸਾਨ ਵੀਰਾਂ  ਨੂੰ ਸਿੱਧੇ ਤੌਰ ਤੇ ਖੇਤੀ ਮਾਹਿਰਾਂ ਨਾਲ ਜੁੜਕੇ ਪਰਾਲੀ ਦੇ ਸਾਂਭ-ਸੰਭਾਲ ਦੇ ਤਰੀਕਿਆਂ ਬਾਰੇ ਜਾਣਕਾਰੀ ਮਿਲੀ।

-------------------------------------------------------------------------

ਭਾਰਤੀ ਮਹਿਲਾ ਕਬੱਡੀ ਟੀਮ ਨੇ ਏਸ਼ਿਆਈ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨ ਤਗ਼ਮਾ ਜਿੱਤ ਲਿਆ ਏ । ਭਾਰਤੀ ਮਹਿਲਾਵਾਂ ਨੇ ਫਾਈਨਲ ਮੁਕਾਬਲੇ ਵਿੱਚ ਈਰਾਨ ਨੂੰ ਸਖ਼ਤ ਟੱਕਰ ਤੋਂ ਬਾਅਦ 37-34 ਨਾਲ ਹਰਾ ਕੇ ਸੋਨ ਤਗ਼ਮੇ 'ਤੇ ਕਬਜ਼ਾ ਕੀਤਾ। ਭਾਰਤੀ ਟੀਮ ਪੂਰੇ ਟੂਰਨਾਮੈਂਟ ਦੌਰਾਨ ਅਜੇਤੂ ਰਹੀ । ਮੌਜੂਦਾ ਏਸ਼ਿਆਈ ਖੇਡਾਂ ਵਿੱਚ ਭਾਰਤ ਦਾ ਇਹ ਤੀਜਾ ਸੋਨ ਤਗ਼ਮਾ ਏ । ਇਸੇ ਦੌਰਾਨ ਭਾਰਤੀ ਪੁਰਸ਼ ਕਬੱਡੀ ਟੀਮ ਵੀ ਅੱਜ ਸ਼ਾਮ  ਫਾਈਨਲ ਮੁਕਾਬਲੇ ਵਿੱਚ ਈਰਾਨ ਨਾਲ ਭਿੜੇਗੀ ।